# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ, ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)
**ਐਸ.ਸੀ.ਓ. ਨੰ :104-106, ਦੂਜੀ ਅਤੇ ਤੀਜੀ ਮੰਜਿਲ ਸੈਕਟਰ 34-ਏ ਚੰਡੀਗੜ੍ਹ।**

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)।
2. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
3. ਰਾਜ ਦੇ ਸਮੂਹ ਜ਼ਿਲ੍ਹਾ ਮੈਥ ਕੋਆਰਡੀਨੇਟਰ।
4. ਰਾਜ ਦੇ ਸਮੂਹ ਡੀ.ਆਰ.ਪੀ. (ਟੈਕਸਟ- ਬੁੱਕਸ)।
5. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ.: ਐਸ.ਐਸ.ਏ/ਐਮਸੀ/2010/87223-284
ਮਿਤੀ, ਚੰਡੀਗੜ੍ਹ 29-09-2011

**ਵਿਸ਼ਾ:-** **ਪੰਜਾਰ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਥ ਵਿਸ਼ੇ ਦੇ ਜਮਾਤ ਨੌਵੀਂ ਦੇ ਫਲੈਸ਼ ਕਾਰਡ ਦੇਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਜਾਣ ਕੇ ਖੁਸ਼ੀ ਹੋਵੇਗੀ ਕਿ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਦਾ ਮਿਆਰ ਉਚਾ ਚੁੱਕਣ ਲਈ ਚੁੱਕੇ ਜਾ ਰਹੇ ਕਦਮਾਂ ਅਤੇ ਫੀਲਡ ਵਿੱਚੋਂ ਆਏ ਸੁਝਾਵਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਪਹਿਲੀ ਵਾਰ ਮੈਥ ਵਿਸ਼ੇ ਵਿੱਚ ਗੁਣਾਤਮਕ ਸੁਧਾਰ ਲਿਆਉਣ ਲਈ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਥ ਵਿਸ਼ੇ ਦੇ ਜਮਾਤ ਨੌਵੀਂ ਦੇ ਫਲੈਸ਼ ਕਾਰਡ ਤਿਆਰ ਕੀਤੇ ਗਏ ਹਨ ਜਿਸ ਦੀ 130 ਕਾਰਡਾਂ ਦੀ ਦੋ ਕਿੱਟਾਂ ਸਮੂਹ ਸਰਕਾਰੀ ਸਕੂਲਾਂ ਵਿੱਚ ਦੇਣ ਲਈ ਜ਼ਿਲ੍ਹਾ ਹੈੱਡ ਕੁਆਰਟਰਾਂ ਵਿੱਚ ਪਹੁੰਚ ਚੁੱਕੀ ਹੈ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਪਰੋਕਤ ਕਿੱਟ ਦੀ ਬਕਾਇਦਾ ਸਟਾਕ ਐਂਟਰੀ ਕੀਤੀ ਜਾਵੇ ਅਤੇ ਜੇਕਰ ਕਿਸੇ ਸੂਰਤ ਵਿੱਚ ਇਹ ਕਿੱਟ ਨਹੀ ਪਹੁੰਚੀ ਤਾਂ ਸਬੰਧਤ ਬੀ.ਆਰ.ਪੀ. ਨਾਲ ਸਪੰਰਕ ਕਰਕੇ ਪ੍ਰਾਪਤ ਕਰ ਲਈ ਜਾਵੇ।

4.0 ਉਪਰੋਕਤ ਸਬੰਧੀ ਇਹ ਯਕੀਨੀ ਬਣਾਇਆ ਜਾਵੇ ਕਿ ਸਮੂਹ ਗਣਿਤ ਅਧਿਆਪਕ,ਵਿਦਿਆਰਥੀਆਂ ਵਿੱਚ ਗਣਿਤ ਵਿਸ਼ੇ ਪ੍ਰਤੀ ਰੁਚੀ ਪੈਦਾ ਕਰਨ ਅਤੇ ਸਮਝਣ ਵਿੱਚ ਸਰਲਤਾ ਲਿਆਉਣ ਲਈ ਪਾਠਕ੍ਰਮ ਦੇ ਅਨੁਸਾਰ ਇਨ੍ਹਾਂ ਫਲੈਸ਼ ਕਾਰਡਾਂ ਦੀ ਵਰਤੋਂ ਕੀਤੀ ਜਾਵੇ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ